# PUNJAB VIDHAN SABHA

**DEBATES**

*Monday, The 22nd December, 2014*

**Vol. IX– No. 1**

OFFICIAL REPORT

CONTENTS

| | Page |
|---|---|
| Obituary References | (1) |

---

**Punjab Vidhan Sabha Secretariat, Chandigarh**

Price : Rs._________.

## PUNJAB VIDHAN SABHA

*Monday, the 22nd December,2014*

*The Vidhan Sabha met in the Punjab Vidhan Sabha Hall, Vidhan Bhavan, Sector-1, Chandigarh at 2.00 P.M. Mr. Speaker (Doctor Charnjit Singh Atwal) in the Chair.*

----------------------

## OBTIUARY REFERENCES

**ਮਾਨਯੋਗ ਸਪੀਕਰ :** ਅਕਾਲ ਚਲਾਣਿਆਂ ਦਾ ਵਰਣਨ।

ਵਿਧਾਨ ਸਭਾ ਦੇ ਪਿਛਲੇ ਸਮਾਗਮ ਤੋਂ ਅੱਜ ਤੱਕ ਦੇ ਸਮੇਂ ਦੌਰਾਨ ਕਈ ਸਤਿਕਾਰਯੋਗ ਸ਼ਖਸੀਅਤਾਂ ਸਾਡੇ ਤੋਂ ਵਿੱਛੜ ਗਈਆਂ ਹਨ। ਅੱਜ ਅਸੀਂ ਉਨ੍ਹਾਂ ਨੂੰ ਸ਼ਰਧਾਂਜਲੀ ਦੇਣ ਲਈ ਇਕੱਤਰ ਹੋਏ ਹਾਂ।

ਜੱਥੇਦਾਰ ਜਗਦੇਵ ਸਿੰਘ ਤਲਵੰਡੀ, ਸਾਬਕਾ ਮੈਂਬਰ, ਰਾਜ ਸਭਾ ਅਤੇ ਲੋਕ ਸਭਾ ਅਤੇ ਸਾਬਕਾ ਮੰਤਰੀ, ਪੰਜਾਬ ਸਾਨੂੰ ਮਿਤੀ 19 ਸਤੰਬਰ, 2014 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 24 ਜੂਨ, 1929 ਨੂੰ ਲਾਇਲਪੁਰ (ਪਾਕਿਸਤਾਨ) ਵਿਖੇ ਹੋਇਆ। ਉਹ ਸਾਲ 1955 ਤੋਂ 1965 ਤੱਕ ਲਗਾਤਾਰ ਪਿੰਡ ਤਲਵੰਡੀ ਰਾਏ ਦੇ ਸਰਪੰਚ ਰਹੇ। ਉਹ 1960 ਤੋਂ 2011 ਤੱਕ ਲਗਾਤਾਰ 50 ਸਾਲ ਤੱਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਰਹੇ। ਉਹ ਸਾਲ 1967 ਤੋਂ 1977 ਤੱਕ ਪੰਜਾਬ ਵਿਧਾਨ ਸਭਾ ਦੇ ਮੈਂਬਰ ਚੁਣੇ ਗਏ। ਉਹ ਜਸਟਿਸ ਗੁਰਨਾਮ ਸਿੰਘ, ਮੁੱਖ ਮੰਤਰੀ ਦੀ ਸਰਕਾਰ ਦੌਰਾਨ ਸਾਲ 1969 ਵਿੱਚ ਅਤੇ ਸਰਦਾਰ ਪਰਕਾਸ਼ ਸਿੰਘ ਬਾਦਲ, ਮੁੱਖ ਮੰਤਰੀ ਦੀ ਸਰਕਾਰ ਵਿੱਚ ਸਾਲ 1970 ਵਿੱਚ ਕੈਬਨਿਟ ਮੰਤਰੀ ਵੀ ਰਹੇ। ਉਹ ਸਾਲ 1978 ਅਤੇ 1988 ਵਿੱਚ ਦੋ ਵਾਰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਚੁਣੇ ਗਏ ਅਤੇ ਸਾਲ 1980 ਤੋਂ 1986 ਤੱਕ ਰਾਜ ਸਭਾ ਦੇ ਮੈਂਬਰ ਵੀ ਰਹੇ। ਉਹ ਸਾਲ 2000 ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਚੁਣੇ ਗਏ। ਉਨ੍ਹਾਂ ਨੇ ਪੰਜਾਬੀ ਸੂਬਾ ਅਤੇ ਧਰਮ ਯੁੱਧ ਮੋਰਚੇ ਦੀ ਅਗਵਾਈ ਵੀ ਕੀਤੀ।

ਸਰਦਾਰ ਗੁਰਚਰਨ ਸਿੰਘ ਗਾਲਿਬ, ਸਾਬਕਾ ਐਮ.ਪੀ. ਅਤੇ ਸਾਬਕਾ ਵਿਧਾਇਕ ਵੀ ਸਾਨੂੰ ਮਿਤੀ 18 ਅਕਤੂਬਰ, 2014 ਨੂੰ ਸਦੀਵੀ ਵਿਛੋੜਾ ਦੇ ਗਏ

ਹਨ। ਉਨ੍ਹਾਂ ਦਾ ਜਨਮ 1 ਦਸੰਬਰ, 1933 ਨੂੰ ਪਿੰਡ ਗਾਲਿਬ ਰਾਏਕੋਟ, ਜ਼ਿਲ੍ਹਾ ਲੁਧਿਆਣਾ ਵਿਖੇ ਹੋਇਆ। ਉਨ੍ਹਾਂ ਨੇ ਸਰਕਾਰੀ ਕਾਲਜ, ਲੁਧਿਆਣਾ ਤੋਂ ਬੀ.ਏ. ਤੱਕ ਦੀ ਪੜ੍ਹਾਈ ਕੀਤੀ। ਉਹ ਸਾਲ 1964 ਵਿੱਚ ਬਲਾਕ ਸੰਮਤੀ, ਸਿੱਧਵਾਂ ਬੇਟ ਦੇ ਪ੍ਰਧਾਨ ਚੁਣੇ ਗਏ। ਉਹ ਸਾਲ 1967 ਵਿੱਚ ਜਗਰਾਉਂ ਤੋਂ ਪੰਜਾਬ ਵਿਧਾਨ ਸਭਾ ਦੇ ਮੈਂਬਰ ਚੁਣੇ ਗਏ। ਉਹ ਸਾਲ 1990 ਵਿੱਚ ਜ਼ਿਲ੍ਹਾ ਕਾਂਗਰਸ ਕਮੇਟੀ ਦੇ ਪ੍ਰਧਾਨ ਰਹੇ। ਉਹ 1992 ਅਤੇ 1999 ਵਿੱਚ ਕਾਂਗਰਸ ਪਾਰਟੀ ਦੇ ਉਮੀਦਵਾਰ ਵਜੋਂ ਲੁਧਿਆਣਾ ਜ਼ਿਲ੍ਹੇ ਤੋਂ ਲੋਕ ਸਭਾ ਦੇ ਮੈਂਬਰ ਚੁਣੇ ਗਏ। ਉਨ੍ਹਾਂ ਨੇ ਸਾਲ 1998 ਵਿੱਚ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਵਜੋਂ ਕੰਮ ਕੀਤਾ। ਉਨ੍ਹਾਂ ਨੇ ਸਾਲ 2009 ਵਿੱਚ ਸ਼੍ਰੋਮਣੀ ਅਕਾਲੀ ਦਲ ਨਾਲ ਨਾਤਾ ਜੋੜ ਲਿਆ। ਉਹ ਸਾਲ 2010 ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਵਾਈਸ ਪ੍ਰੈਜ਼ੀਡੈਂਟ ਚੁਣੇ ਗਏ।

ਚੌਧਰੀ ਗੁਰਮੇਲ ਸਿੰਘ, ਸਾਬਕਾ ਮੰਤਰੀ ਵੀ ਸਾਨੂੰ ਮਿਤੀ 30 ਜੁਲਾਈ, 2014 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 12 ਅਕਤੂਬਰ, 1936 ਨੂੰ ਪਿੰਡ ਸਕਰੁਲੀ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਹੋਇਆ। ਉਨ੍ਹਾਂ ਨੇ ਪੰਜਾਬ ਯੂਨੀਵਰਸਿਟੀ ਤੋਂ ਬੀ.ਏ. ਦੀ ਪੜ੍ਹਾਈ ਕੀਤੀ। ਉਹ ਸਾਲ 1962 ਤੋਂ 1967 ਅਤੇ 1967 ਤੋਂ 1969 ਤੱਕ ਪੰਜਾਬ ਵਿਧਾਨ ਸਭਾ ਦੇ ਮੈਂਬਰ ਚੁਣੇ ਗਏ। ਉਹ ਸਾਲ 1963 ਤੋਂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਮੈਂਬਰ ਵੀ ਰਹੇ। ਉਹ ਸਾਲ 1966-67 ਵਿੱਚ ਉੱਪ ਮੰਤਰੀ ਵੀ ਰਹੇ। ਉਹ ਸਾਲ 1972 ਵਿੱਚ ਤੀਜੀ ਵਾਰ ਪੰਜਾਬ ਵਿਧਾਨ ਸਭਾ ਦੇ ਮੈਂਬਰ ਚੁਣੇ ਗਏ। ਉਨ੍ਹਾਂ ਨੇ ਸਾਲ 1972 ਤੋਂ ਵੱਖ ਵੱਖ ਵਿਭਾਗਾਂ ਦੇ ਮੰਤਰੀ ਵਜੋਂ ਕੰਮ ਕੀਤਾ। ਉਨ੍ਹਾਂ ਨੇ ਹਰੀਜਨਾਂ ਦੇ ਮਾੜੇ ਹਾਲਾਤਾਂ ਨੂੰ ਸੁਧਾਰਨ ਲਈ ਕਾਫੀ ਕੰਮ ਕੀਤਾ। ਉਨ੍ਹਾਂ ਨੇ ਮਾਹਿਲਪੁਰ ਚੋਣ ਹਲਕੇ ਦਾ ਹਰ ਪੱਖੋਂ ਵਿਕਾਸ ਕੀਤਾ।

ਸਰਦਾਰ ਜਗਦੇਵ ਸਿੰਘ ਜੱਸੋਵਾਲ, ਸਾਬਕਾ ਵਿਧਾਇਕ ਅਤੇ ਪੰਜਾਬੀ ਜਗਤ ਦੀ ਪ੍ਰਸਿੱਧ ਸੱਭਿਆਚਾਰਕ ਹਸਤੀ ਵੀ ਸਾਨੂੰ ਅੱਜ ਮਿਤੀ 22 ਦਸੰਬਰ, 2014 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਮਿਤੀ 30.4.1935 ਨੂੰ ਪਿੰਡ ਜੱਸੋਵਾਲ, ਜ਼ਿਲ੍ਹਾ ਲੁਧਿਆਣਾ ਵਿਖੇ ਹੋਇਆ। ਉਨ੍ਹਾਂ ਨੇ ਅਲੀਗੜ੍ਹ ਮੁਸਲਿਮ ਯੂਨੀਵਰਸਿਟੀ ਤੋਂ ਕਾਨੂੰਨ ਦੀ ਡਿਗਰੀ ਹਾਸਲ ਕੀਤੀ । ਉਹ ਸਾਲ 1980 ਵਿੱਚ ਹਲਕਾ ਰਾਏਕੋਟ ਤੋਂ ਪੰਜਾਬ ਵਿਧਾਨ ਸਭਾ ਦੇ ਮੈਂਬਰ ਚੁਣੇ ਗਏ। ਉਹ ਪ੍ਰੋਫੈਸਰ ਮੋਹਨ ਸਿੰਘ ਸੰਸਥਾ ਦੇ ਸੰਸਥਾਪਕ ਅਤੇ ਵਿਸ਼ਵ ਪੰਜਾਬੀ ਸੱਭਿਆਚਾਰਕ ਮੰਚ ਦੇ ਪ੍ਰਧਾਨ ਵੀ ਰਹੇ। ਉਹ ਪੰਜਾਬੀ ਸੱਭਿਆਚਾਰ ਦੇ ਬਾਬਾ

ਬੋਹੜ ਵਜੋਂ ਜਾਣੇ ਜਾਂਦੇ ਸਨ। ਉਹ ਕਈ ਸਾਲਾਂ ਤੋਂ ਪ੍ਰੋਫੈਸਰ ਮੋਹਨ ਸਿੰਘ ਯਾਦਗਾਰੀ ਮੇਲੇ ਦਾ ਆਯੋਜਨ ਕਰਦੇ ਆ ਰਹੇ ਸਨ ਅਤੇ ਪੰਜਾਬ ਵਿੱਚ ਲੋਕ ਇਸ ਮੇਲੇ ਨੂੰ ਜੱਸੋਵਾਲ ਦੇ ਮੇਲੇ ਵਜੋਂ ਜਾਣਨ ਲੱਗ ਪਏ ਸਨ। ਉਨ੍ਹਾਂ ਵੱਲੋਂ ਪੰਜਾਬੀ ਕਲਚਰ, ਸਾਹਿਤ ਅਤੇ ਪਾਰਟੀ ਦੀ ਤਰੱਕੀ ਲਈ ਪਾਏ ਯੋਗਦਾਨ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ।

ਸਰਵਸ਼੍ਰੀ ਸੰਸਾਰ ਸਿੰਘ, ਨਾਜ਼ਰ ਸਿੰਘ, ਪ੍ਰੋਫੈਸਰ ਹਜ਼ਾਰਾ ਸਿੰਘ, ਉੱਘੇ ਲੇਖਕ, ਗੁਰਦੀਪ ਸਿੰਘ ਜੀ, ਦਰਸ਼ਨ ਸਿੰਘ, ਚੰਦ ਸਿੰਘ, ਹਜ਼ਾਰਾ ਸਿੰਘ, ਗੁਰਦਿਆਲ ਸਿੰਘ, ਨਾਇਬ ਸਿੰਘ, ਸੰਤ ਸਿੰਘ, ਗੁਰਮੁਖ ਸਿੰਘ, ਕੈਪਟਨ ਗੁਰਦਿਆਲ ਸਿੰਘ ਢਿੱਲੋਂ ਅਤੇ ਸ਼ਮਸ਼ੇਰ ਸਿੰਘ, ਸਾਰੇ ਸੁਤੰਤਰਤਾ ਸੰਗਰਾਮੀ ਵੀ ਸਾਨੂੰ ਸਭਨਾਂ ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਇਨ੍ਹਾਂ ਸਾਰੇ ਸੁਤੰਤਰਤਾ ਸੰਗਰਾਮੀਆਂ ਨੇ ਆਪਣੀ ਲਗਨ, ਮਿਹਨਤ ਅਤੇ ਕੁਰਬਾਨੀ ਸਦਕਾ ਹਿੰਦੁਸਤਾਨ ਨੂੰ ਆਜ਼ਾਦ ਕਰਵਾਉਣ ਵਿੱਚ ਆਪਣਾ ਆਪਣਾ ਯੋਗਦਾਨ ਪਾਇਆ। ਅਸੀਂ ਉਨ੍ਹਾਂ ਦੀਆਂ ਕੁਰਬਾਨੀਆਂ ਸਦਕਾ ਮਿਲੀ ਆਜ਼ਾਦੀ ਦਾ ਨਿੱਘਾ ਆਨੰਦ ਮਾਣ ਰਹੇ ਹਾਂ ਅਤੇ ਉਨ੍ਹਾਂ ਨੂੰ ਕਦੇ ਵੀ ਭੁਲਾ ਨਹੀਂ ਸਕਦੇ।

ਬੀਬੀ ਪ੍ਰਕਾਸ਼ ਕੌਰ, ਸ਼ਹੀਦ ਭਗਤ ਸਿੰਘ ਦੀ ਛੋਟੀ ਭੈਣ ਵੀ ਸਾਨੂੰ ਮਿਤੀ 28 ਸਤੰਬਰ, 2014 ਨੂੰ ਸਦੀਵੀ ਵਿਛੋੜਾ ਦੇ ਗਏ ਹਨ। ਉਨ੍ਹਾਂ ਦਾ ਜਨਮ ਸਾਲ 1919 ਵਿੱਚ ਪਿੰਡ ਖਾਸੜਿਆਂ, ਜ਼ਿਲ੍ਹਾ ਲਾਇਲਪੁਰ (ਪਾਕਿਸਤਾਨ) ਵਿਖੇ ਹੋਇਆ। ਉਹ ਸ਼ਹੀਦ ਭਗਤ ਸਿੰਘ ਜੀ ਦੀ ਛੋਟੀ ਭੈਣ ਸੀ। ਸ਼ਹੀਦ ਭਗਤ ਸਿੰਘ ਜੀ ਨੇ ਆਪਣੀ ਮੌਤ ਤੋਂ ਬਾਅਦ ਉਸਨੂੰ ਆਜ਼ਾਦੀ ਦੀ ਲੜਾਈ ਜਾਰੀ ਰੱਖਣ ਦੀ ਹਦਾਇਤ ਕੀਤੀ ਸੀ।

ਇਨ੍ਹਾਂ ਸਭਨਾਂ ਦੇ ਚਲੇ ਜਾਣ ਨਾਲ ਦੇਸ਼, ਰਾਜ ਅਤੇ ਸਾਨੂੰ ਨਾ ਪੂਰਿਆ ਜਾਣ ਵਾਲਾ ਵੱਡਾ ਘਾਟਾ ਪਿਆ ਹੈ ਅਤੇ ਅਸੀਂ ਉਨ੍ਹਾਂ ਦੀਆਂ ਵੱਡਮੁੱਲੀਆਂ ਸੇਵਾਵਾਂ ਤੋਂ ਵਾਂਝੇ ਹੋ ਗਏ ਹਾਂ। ਸਾਨੂੰ ਯਤਨ ਕਰਨਾ ਚਾਹੀਦਾ ਹੈ ਕਿ ਅਸੀਂ ਇਨ੍ਹਾਂ ਵਿਛੜੀਆਂ ਸਖਸ਼ੀਅਤਾਂ ਦੇ ਪਦ ਚਿੰਨ੍ਹਾਂ ਤੇ ਚਲਦੇ ਹੋਏ ਲੋਕਾਂ ਦੀ ਸੇਵਾ ਵਿਚ ਹਾਜ਼ਰ ਰਹੀਏ। ਇਹੀ ਉਨ੍ਹਾਂ ਪ੍ਰਤੀ ਸੱਚੀ ਸ਼ਰਧਾਂਜਲੀ ਹੋਵੇਗੀ।

**ਜਸਟਿਸ ਨਿਰਮਲ ਸਿੰਘ :** ਸਪੀਕਰ ਸਾਹਿਬ, ਮਿਤੀ 19.12.2014 ਨੂੰ ਸਰਦਾਰ ਗੁਲਜ਼ਾਰ ਸਿੰਘ ਜੀ ਰਣੀਕੇ, ਮੰਤਰੀ ਜੀ ਦੇ ਭਰਾ ਸ. ਗੁਰਦਿਆਲ ਸਿੰਘ ਦੀ ਡੈਥ ਹੋ ਗਈ ਹੈ। ਉਨ੍ਹਾਂ ਦਾ ਨਾਂ ਵੀ ਸ਼ਾਮਲ ਕਰ ਲਿਆ ਜਾਵੇ।

**ਮਾਨਯੋਗ ਸਪੀਕਰ :** ਠੀਕ ਹੈ ਜੀ।

**ਸ਼੍ਰੀ ਸੁਨੀਲ ਜਾਖੜ :** ਸਪੀਕਰ ਸਾਹਿਬ, ਸਾਡੇ ਬਹੁਤ ਹੀ ਸੀਨੀਅਰ ਐਮ. ਐਲ. ਏ. ਸਰਦਾਰ ਲਾਲ ਸਿੰਘ ਜੀ ਦੇ ਮਦਰ ਸ਼੍ਰੀਮਤੀ ਭਾਗਵੰਤ ਕੌਰ ਜੀ ਦਾ ਬੜਾ ਦੁਖਦਾਈ ਦਿਹਾਂਤ ਹੋ ਗਿਆ ਹੈ। ਉਨ੍ਹਾਂ ਦਾ ਨਾਂ ਵੀ ਸ਼ਾਮਲ ਕਰ ਲਿਆ ਜਾਵੇ।

**ਮਾਨਯੋਗ ਸਪੀਕਰ :** ਠੀਕ ਹੈ ਜੀ।

**ਸ਼੍ਰੀ ਐਸ. ਆਰ. ਕਲੇਰ :** ਸਪੀਕਰ ਸਾਹਿਬ, ਸ਼੍ਰੀ ਦਯਾ ਚੰਦ ਜੈਨ ਜੀ, ਫਰੀਡਮ ਫਾਈਟਰ ਜੋ ਜਗਰਾਉਂ ਹਲਕੇ ਨਾਲ ਸਬੰਧਤ ਸਨ, ਵੀ ਸਾਨੂੰ ਸਦੀਵੀ ਵਿਛੋੜਾ ਦੇ ਗਏ ਹਨ । ਉਨ੍ਹਾਂ ਦਾ ਨਾਂ ਵੀ ਸ਼ਾਮਲ ਕਰ ਲਿਆ ਜਾਵੇ।

**ਮਾਨਯੋਗ ਸਪੀਕਰ :** ਠੀਕ ਹੈ ਜੀ।

**ਮੁੱਖ ਸੰਸਦੀ ਸਕੱਤਰ, ਖੇਡਾਂ ਤੇ ਯੁਵਕ ਸੇਵਾਵਾਂ ਅਤੇ ਐਸ. ਸੀ./ਬੀ.ਸੀ. ਦੀ ਭਲਾਈ (ਸ਼੍ਰੀ ਪਵਨ ਕੁਮਾਰ ਟੀਨੂੰ) :** ਸਪੀਕਰ ਸਾਹਿਬ, ਲੈਫਟੀਨੈਂਟ ਨਿਰੰਜਨ ਸਿੰਘ ਜਿਨ੍ਹਾਂ ਨੇ ਭਾਰਤੀ ਫੌਜ਼ ਵਿੱਚ ਬਹੁਤ ਵੱਡੀ ਸੇਵਾ ਨਿਭਾਈ ਹੈ ਅਤੇ ਵਰਲਡ ਵਾਰ-II ਵਿੱਚ ਵੀ ਹਿੱਸਾ ਲਿਆ । ਉਹ ਕੌਮਾਂਤਰੀ ਪੱਧਰ ਦੇ ਖਿਡਾਰੀ ਸਨ ਅਤੇ ਸਰਵਿਸਿਜ਼ ਵੱਲੋਂ ਵੀ ਖੇਡਦੇ ਰਹੇ। ਮੇਰੀ ਬੇਨਤੀ ਹੈ ਕਿ ਉਨ੍ਹਾਂ ਦਾ ਨਾਂ ਵੀ ਸ਼ਾਮਲ ਕਰ ਲਿਆ ਜਾਵੇ।

**ਮਾਨਯੋਗ ਸਪੀਕਰ :** ਠੀਕ ਹੈ ਜੀ।

ਇਨ੍ਹਾਂ ਤੋਂ ਇਲਾਵਾ ਮਿਤੀ 17-12-2014 ਨੂੰ ਆਰਮੀ ਪਬਲਿਕ ਸਕੂਲ, ਪੇਸ਼ਾਵਰ, ਪਾਕਿਸਤਾਨ ਵਿੱਚ ਅੱਤਵਾਦੀਆਂ ਹੱਥੋਂ ਮਾਰੇ ਗਏ ਮਾਸੂਮ ਬੱਚਿਆਂ ਦੀ ਦੁਖਦਾਇਕ ਘਟਨਾ ਦਾ ਗਹਿਰਾ ਸਦਮਾ ਹੋਇਆ ਹੈ। ਇਸ ਸਕੂਲ ਵਿੱਚ 1100 ਵਿਦਿਆਰਥੀ ਅਤੇ ਅਧਿਆਪਕ ਹਾਜ਼ਰ ਸਨ। ਇਸ ਹਾਦਸੇ ਵਿੱਚ 132 ਬੱਚੇ ਅਤੇ ਨੌਂ ਮੁਲਾਜ਼ਮ ਮਾਰੇ ਗਏ।

ਮੈਂ ਵਾਹਿਗੁਰੂ ਅੱਗੇ ਅਰਦਾਸ ਕਰਦਾ ਹਾਂ ਕਿ ਉਹ ਇਨ੍ਹਾਂ ਸਖਸ਼ੀਅਤਾਂ ਦੀਆਂ ਰੂਹਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ੇ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਚੜ੍ਹਦੀ ਕਲਾ ਵਿਚ ਰੱਖੇ ਅਤੇ ਭਾਣਾ ਮੰਨਣ ਦਾ ਬਲ ਬਖਸ਼ੇ।

**ਸਰਦਾਰ ਬਲਬੀਰ ਸਿੰਘ ਸਿੱਧੂ :** ਸਪੀਕਰ ਸਾਹਿਬ, ਜਿਹੜੇ ਜੰਮੂ

ਕਸ਼ਮੀਰ ਵਿੱਚ ਪੰਜਾਬ ਦੇ ਫੌਜੀ ਸ਼ਹੀਦ ਹੋਏ ਹਨ, ਉਨ੍ਹਾਂ ਮੁੰਡਿਆਂ ਦੇ ਨਾਵਾਂ ਨੂੰ ਵੀ ਵਿੱਚ ਸ਼ਾਮਿਲ ਕਰ ਲਈਏ, ਉਨ੍ਹਾਂ ਦੇ ਘਰਾਂ ਵਿੱਚ ਵੀ ਆਪਾਂ ਚਿੱਠੀ ਲਿਖੀਏ।

ਜੇਕਰ ਸਦਨ ਦੀ ਸਹਿਮਤੀ ਹੋਵੇ ਤਾਂ ਸ਼ੋਕ ਪ੍ਰਸਤਾਵ ਸਾਰੀਆਂ ਵਿਛੜੀਆਂ ਰੂਹਾਂ ਦੇ ਪਰਿਵਾਰਾਂ ਨੂੰ ਭੇਜ ਦਿੱਤੇ ਜਾਣਗੇ।

ਹੁਣ ਮੈਂ ਸਮੂਹ ਮੈਂਬਰ ਸਾਹਿਬਾਨ ਨੂੰ ਬੇਨਤੀ ਕਰਦਾ ਹਾਂ ਕਿ ਇਨ੍ਹਾਂ ਵਿਛੜੀਆਂ ਰੂਹਾਂ ਦੀ ਯਾਦ ਵਿੱਚ ਦੋ ਮਿੰਟ ਮੋਨ ਧਾਰਨ ਕਰਨ ਲਈ ਖੜ੍ਹੇ ਹੋਈਏ।

(ਇਸ ਸਮੇਂ ਸਦਨ ਵਿੱਚ ਹਾਜ਼ਰ ਸਮੂਹ ਮੈਂਬਰ ਵਿਛੜੀਆਂ ਰੂਹਾਂ ਦੀ ਯਾਦ ਵਿੱਚ ਦੋ ਮਿੰਟ ਮੋਨ ਧਾਰਨ ਕਰਨ ਲਈ ਖੜ੍ਹੇ ਹੋਏ।)

**ਮਾਨਯੋਗ ਸਪੀਕਰ :** ਹੁਣ, ਸਦਨ ਮੰਗਲਵਾਰ, ਮਿਤੀ 23 ਦਸੰਬਰ, 2014 ਦੇ 10.00 ਵਜੇ ਸਵੇਰ ਤੱਕ ਸਥੱਗਿਤ ਹੁੰਦਾ ਹੈ।

*2.12 ਬਾਅਦ ਦੁਪਹਿਰ

(*ਇਸ ਸਮੇਂ ਸਦਨ ਮੰਗਲਵਾਰ, 23 ਦਸੰਬਰ, 2014 ਦੇ 10.00 ਵਜੇ ਸਵੇਰ ਤੱਕ ਸਥਗਿਤ ਹੋ ਗਿਆ।)

-----

© 2015

Published under the authority of the Punjab Vidhan Sabha and typesetting & printed by the Controller, Printing & Stationery, Punjab at the Govt. Press, S.A.S. Nagar.

PGP, Mohali/8570/02-2015(5)